# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 30-06-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਪਸ਼ੂਆਂ ਵਿੱਚ ਬਿਮਾਰੀਆਂ ਦੀ ਰੋਕਥਾਮ ਵਿੱਚ ਟੀਕਾਕਰਨ ਮੁੱਖ ਭੂਮਿਕਾ ਨਿਭਾਉਂਦਾ ਏ । ਅੱਜ ਸਵੇਰੇ ਬਰੇਲੀ ਵਿੱਚ ਭਾਰਤੀ ਪਸ਼ੂ ਖੋਜ ਸੰਸਥਾ ਦੇ 11ਵੇਂ ਕਨਵੋਕੇਸ਼ਨ ਨੂੰ ਸੰਬੋਧਨ ਕਰਦੇ ਹੋਏ, ਰਾਸ਼ਟਰਪਤੀ ਨੇ ਪੇਂਡੂ ਖੇਤਰਾਂ ਵਿੱਚ ਪਹੁੰਚਯੋਗ ਪਸ਼ੂ ਦੇਖਭਾਲ ਦੀ ਮਹੱਤਤਾ 'ਤੇ ਜ਼ੋਰ ਦਿੱਤਾ । ਰਾਸ਼ਟਰਪਤੀ ਮੁਰਮੂ ਨੇ ਪਸ਼ੂ ਸਿਹਤ ਮੇਲਿਆਂ ਦੇ ਨਿਯਮਤ ਸੰਗਠਨ ਦੀ ਵਕਾਲਤ ਕੀਤੀ ।BYTE-ਰਾਸ਼ਟਰਪਤੀ ਨੇ ਪਸ਼ੂਆਂ ਦੀ ਸੇਵਾ ਕਰਨ ਦੀ ਨੈਤਿਕ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ, ਪਸ਼ੂਆਂ ਦੇ ਪੇਸ਼ੇਵਰਾਂ ਨੂੰ ਉਨ੍ਹਾਂ ਦੀ ਸਿਖਲਾਈ ਅਤੇ ਉਦੇਸ਼ ਪ੍ਰਤੀ ਵਚਨਬੱਧ ਰਹਿਣ ਦੀ ਅਪੀਲ ਕੀਤੀ।

---

ਕੈਲਾਸ਼ ਮਾਨਸਰੋਵਰ ਯਾਤਰਾ ਪੰਜ ਸਾਲਾਂ ਦੇ ਅੰਤਰਾਲ ਤੋਂ ਬਾਅਦ ਅੱਜ ਤੋਂ ਸ਼ੁਰੂ ਹੋ ਰਹੀ ਏ । ਇਹ ਯਾਤਰਾ, 2020 ਵਿੱਚ ਕੋਵਿਡ-19

ਮਹਾਂਮਾਰੀ ਕਾਰਨ ਮੁਅੱਤਲ ਕਰ ਦਿੱਤੀ ਗਈ ਸੀ। ਇਸ ਸਾਲ, ਯਾਤਰਾ ਸਿੱਕਮ ਦੇ ਨਾਥੂ-ਲਾ ਪਾਸ ਅਤੇ ਉੱਤਰਾਖੰਡ ਦੇ ਲਿਪੁਲੇਖ ਪਾਸ ਰਾਹੀਂ ਹੋਏਗੀ। ਵਿਦੇਸ਼ ਮੰਤਰਾਲੇ ਮੁਤਾਬਿਕ, ਯਾਤਰਾ ਜੁਲਾਈ ਅਤੇ ਅਗਸਤ ਤੱਕ ਜਾਰੀ ਰਹਿਣ ਦੀ ਉਮੀਦ ਏ। ਇਹ ਯਾਤਰਾ ਹਿੰਦੂਆਂ, ਜੈਨਾਂ ਅਤੇ ਬੋਧੀਆਂ ਲਈ ਡੂੰਘੀ ਅਧਿਆਤਮਿਕ ਮਹੱਤਤਾ ਰੱਖਦੀ ਏ, ਕਿਉਂਕਿ ਕੈਲਾਸ਼ ਪਰਬਤ ਨੂੰ ਭਗਵਾਨ ਸ਼ਿਵ ਦਾ ਨਿਵਾਸ ਸਥਾਨ ਮੰਨਿਆ ਜਾਂਦਾ ਏ। ਸਿੱਕਮ ਸਰਕਾਰ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਨੁਕੂਲਤਾ ਕੇਂਦਰਾਂ ਸਮੇਤ ਬੁਨਿਆਦੀ ਢਾਂਚੇ ਨੂੰ ਵਧਾ ਰਹੀ ਏ।

-----------------------------------------------------------------------

ਉੱਤਰਾਖੰਡ ਵਿੱਚ ਭਾਰੀ ਬਾਰਿਸ਼ ਕਾਰਨ ਚਾਰ ਧਾਮ ਯਾਤਰਾ 'ਤੇ ਲਗਾਈ ਗਈ ਅਸਥਾਈ ਪਾਬੰਦੀ ਅੱਜ ਹਟਾ ਦਿੱਤੀ ਗਈ ਏ। ਗੜ੍ਹਵਾਲ ਦੇ ਕਮਿਸ਼ਨਰ ਵਿਨੈ ਸ਼ੰਕਰ ਪਾਂਡੇ ਨੇ ਕਿਹਾ ਏ ਕਿ, ਜ਼ਿਲ੍ਹਾ ਮੈਜਿਸਟ੍ਰੇਟਾਂ ਨੂੰ ਯਾਤਰਾ ਰੂਟ 'ਤੇ ਵਾਹਨਾਂ ਦੀ ਆਵਾਜਾਈ ਨੂੰ ਕੰਟਰੋਲ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ। ਪਿਛਲੇ ਦੋ ਦਿਨਾਂ ਤੋਂ ਲਗਾਤਾਰ ਹੋ ਰਹੀ ਬਾਰਿਸ਼ ਕਾਰਨ, ਪ੍ਰਮੁੱਖ ਨਦੀਆਂ 'ਚ ਪਾਣੀ ਦਾ ਪੱਧਰ ਵਧ ਗਿਆ ਏ। ਪਹਾੜੀ ਇਲਾਕਿਆਂ ਵਿੱਚ ਜ਼ਮੀਨ ਖਿਸਕਣ ਕਾਰਨ, 100 ਤੋਂ ਵੱਧ

ਸੜਕਾਂ ਬੰਦ ਹੋ ਗਈਆਂ ਨੇ। ਗੰਗੋਤਰੀ ਅਤੇ ਯਮੁਨੋਤਰੀ ਰਾਸ਼ਟਰੀ ਸ਼ਾਹਰਾਹਾਂ ਸਮੇਤ ਕਈ ਥਾਵਾਂ 'ਤੇ ਜ਼ਮੀਨ ਖਿਸਕਣ ਦੀਆਂ ਖਬਰਾਂ ਆਈਆਂ ਨੇ। ਮਲਬਾ ਹਟਾਉਣ ਲਈ ਮਸ਼ੀਨਾਂ ਅਤੇ ਕਰਮਚਾਰੀ ਮੌਕੇ 'ਤੇ ਤਾਇਨਾਤ ਨੇ, ਪਰ ਲਗਾਤਾਰ ਮੀਂਹ ਕਾਰਨ ਸੜਕ ਬਹਾਲੀ ਦੇ ਯਤਨਾਂ ਵਿੱਚ ਰੁਕਾਵਟ ਆ ਰਹੀ ਏ। ਮੌਸਮ ਵਿਭਾਗ ਨੇ ਅੱਜ ਉੱਤਰਾਖੰਡ ਦੇ ਕਈ ਇਲਾਕਿਆਂ ਵਿੱਚ, ਭਾਰੀ ਮੀਂਹ ਦੀ ਚੇਤਾਵਨੀ ਜਾਰੀ ਕੀਤੀ ਏ ਅਤੇ ਨਿਵਾਸੀਆਂ ਤੇ ਸ਼ਰਧਾਲੂਆਂ ਨੂੰ ਸੁਚੇਤ ਰਹਿਣ ਦੀ ਸਲਾਹ ਦਿੱਤੀ ਏ।

--------------------------------------------------------------------------------

ਪੰਜਾਬ ਦੇ ਅਨੂਸੁਚਿਤ ਜਾਤੀਆਂ ਨਾਲ ਸਬੰਧਤ ਲੋਕਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਰਨ ਲਈ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕੱਲ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਦੋਦਾ ਵਿਖੇ ਕਰਵਾਏ ਗਏ ਵਿਸ਼ਾਲ ਚੇਤਨਾ ਸਮਾਗਮ ਦੀ ਪ੍ਰਧਾਨਗੀ ਕੀਤੀ । ਚੇਅਰਮੈਨ ਨੇ ਦੱਸਿਆ ਕਿ ਉਨ੍ਹਾਂ ਦੇ ਦੌਰੇ ਦਾ ਮੁੱਖ ਮਕਸਦ ਲੋਕਾਂ ਨੂੰ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜੀਵਨ ਅਤੇ ਸੰਘਰਸ਼ ਬਾਰੇ ਜਾਣੂ ਕਰਵਾਉਣ ਤੋਂ ਇਲਾਵਾ ਪੰਜਾਬ ਰਾਜ ਅਨੁਸੂਚਿਤ

ਜਾਤੀਆਂ ਕਮਿਸ਼ਨ ਦੇ ਕੰਮਕਾਜ, ਭਾਰਤੀ ਸੰਵਿਧਾਨ ਅਤੇ ਦੇਸ਼ ਦੇ ਕਨੂੰਨ ਵਿੱਚ ਗਰੀਬਾਂ, ਮਜਲੂਮਾਂ, ਅਨੁਸੂਚਿਤ ਜਾਤੀਆਂ ਤੇ ਪਿਛੜੀਆਂ ਸ਼੍ਰੇਣੀਆਂ ਦੇ ਹੱਕਾਂ, ਤੇ ਸਮਾਜਿਕ ਸੁਰੱਖਿਆ ਸਬੰਧੀ ਜਾਗਰੂਕ ਕਰਨਾ ਏ।

------------------------------------------------------------------------

ਜਲੰਧਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਭਰ ਦੇ ਪਲਾਟ ਮਾਲਕਾਂ ਨੂੰ 10 ਜੁਲਾਈ, ਤੱਕ ਆਪਣੇ ਖਾਲੀ ਪਲਾਟਾਂ 'ਚੋਂ ਕੂੜਾ-ਕਰਕਟ ਅਤੇ ਹੋਰ ਰਹਿੰਦ-ਖੂਹੰਦ ਸਾਫ਼ ਕਰਵਾਉਣ ਦੇ ਸਖ਼ਤ ਨਿਰਦੇਸ਼ ਜਾਰੀ ਕੀਤੇ ਨੇ ਅਤੇ ਚਿਤਾਵਨੀ ਦਿੱਤੀ ਏ ਕਿ ਹਦਾਇਤਾਂ ਦੀ ਪਾਲਣਾ ਨਾ ਕਰਨ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਡਾ. ਅਗਰਵਾਲ ਨੇ ਕਿਹਾ ਕਿ ਖਾਲੀ ਪਲਾਟਾਂ ਵਿੱਚ ਕੂੜੇ ਦੇ ਢੇਰ ਅਤੇ ਜਮ੍ਹਾ ਮੀਂਹ ਦਾ ਪਾਣੀ ਲੋਕਾਂ ਦੀ ਸਿਹਤ ਲਈ ਗੰਭੀਰ ਖ਼ਤਰਾ ਪੈਦਾ ਕਰਦੇ ਨੇ ਕਿਉਂਕਿ ਇਸ ਨਾਲ ਖਾਸ ਕਰ ਮੌਨਸੂਨ ਦੇ ਮੌਸਮ ਦੌਰਾਨ ਨੁਕਸਾਨਦੇਹ ਬੈਕਟੀਰੀਆ ਅਤੇ ਕੀੜੇ-ਮਕੌੜੇ ਪੈਦਾ ਹੁੰਦੇ ਨੇ ਜਿਸ ਨਾਲ ਵੱਖ-ਵੱਖ ਬਿਮਾਰੀਆਂ ਫੈਲਣ ਦਾ ਖ਼ਤਰਾ ਹੁੰਦਾ ਏ । ਉਨ੍ਹਾਂ ਹਦਾਇਤ ਕੀਤੀ ਕਿ ਪਲਾਟ ਮਾਲਕਾਂ ਨੂੰ ਆਪਣੇ ਖਾਲੀ ਪਲਾਟਾਂ ਦੇ ਆਲੇ-ਦੁਆਲੇ

ਚਾਰਦੀਵਾਰੀ ਜਾਂ ਵਾੜ ਬਣਾਉਣੀ ਚਾਹੀਦੀ ਏ ਤਾਂ ਜੋ ਕੂੜੇ ਦੀ ਗੈਰ-ਕਾਨੂੰਨੀ ਡੰਪਿੰਗ ਨੂੰ ਰੋਕਿਆ ਜਾ ਸਕੇ।

---------------------------------------------------------------------

ਬਟਾਲਾ ਦੇ ਪਿੰਡ ਬੋਦੇ ਦੀ ਖੂਹੀ 'ਚ ਦੇਰ ਰਾਤ ਮੇਲੇ ਦੌਰਾਨ ਗੋਲੀਬਾਰੀ ਕਰਕੇ ਇਕ ਸਰਪੰਚ ਸਮੇਤ ਚਾਰ ਲੋਕ ਜ਼ਖ਼ਮੀ ਹੋ ਗਏ । ਜ਼ਖਮੀਆਂ ਨੂੰ ਬਟਾਲਾ ਦੇ ਸਰਕਾਰੀ ਹਸਪਤਾਲ ਦਾਖਲ ਕਰਾਇਆ ਅਤੇ ਗੰਭੀਰਤਾ ਨੂੰ ਦੇਖਦੇ ਹੋਏ ਕੁਝ ਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ ਐਸ.ਐਚ.ਓ ਨਿਰਮਲ ਸਿੰਘ ਨੇ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਏ।

---------------------------------------------------------------------

ਸੀਮਾ ਸੁਰੱਖਿਆ ਬਲ ਨੇ ਭਾਰਤ-ਪਾਕਿਸਤਾਨ ਸਰਹੱਦੀ ਖੇਤਰ ਤੋਂ ਇਕ ਵਿਅਕਤੀ ਨੂੰ ਸ਼ੱਕੀ ਹਾਲਾਤ ਵਿੱਚ ਕਾਬੂ ਕੀਤਾ ਏ, ਜਿਸਨੂੰ ਫਾਜ਼ਿਲਕਾ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ । ਗਿਰਫ਼ਤਾਰ ਕੀਤਾ ਗਿਆ ਮੁਲਜ਼ਮ ਸਰਹੱਦੀ ਖੇਤਰ ਵਿੱਚ ਘੁੰਮ ਰਿਹਾ ਸੀ। ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਿਕ ਕਉ ਕੀਤੇ ਵਿਅਕਤੀ ਦੀ ਪਛਾਣ ਬੰਗਲਾਦੇਸ਼ ਦੇ

ਜ਼ਿਲ੍ਹਾ ਜਮਾਲਪੁਰ ਦੇ ਪਠਿਆਲਾ ਪਿੰਡ  ਅੰਤਰ ਵਜੋਂ ਹੋਈ ਏ ।ਮਾਮਲੇ ਦੀ ਅਗਲੀ ਕਾਰਵਾਈ ਸਦਰ ਥਾਣਾ ਪੁਲਿਸ ਵੱਲੋਂ ਕੀਤੀ ਜਾ ਰਹੀ ਏ ।

-----------------------------------------------------------------------------

ਫਤਿਹਗੜ੍ਹ ਸਾਹਿਬ ਵਿਚ ਖਮਾਣੋ ਪੁਲਿਸ ਨੇ ਮਨੀ ਟ੍ਰਾਂਸਫਰ ਦਾ ਕੰਮ ਕਰਨ ਵਾਲੇ ਨੌਜਵਾਨ 'ਤੇ ਬੀਤੀ ਰਾਤ ਹਮਲਾ ਕਰਕੇ ਲੱਖਾਂ ਰੁਪਏ ਦੀ ਲੁੱਟ ਕਰਨ ਵਾਲੇ 3 ਨਕਾਬਪੋਸ਼ ਲੁਟੇਰਿਆਂ ਨੂੰ ਗ੍ਰਿਫਤਾਰ ਕੀਤਾ ਏ । ਫਤਿਹਗੜ੍ਹ ਸਾਹਿਬ  SP ਰਾਕੇਸ਼ ਯਾਦਵ ਨੇ ਦੱਸਿਆ ਕਿ ਇਹਨਾਂ ਲੁਟੇਰਿਆ ਪਾਸੋਂ  ਵਾਰਦਾਤ ਵਿੱਚ ਵਰਤੇ ਗਏ ਤੇਜਧਾਰ ਹਥਿਆਰਾਂ ਤੇ ਮੋਟਰਸਾਈਕਲ ਦੇ ਨਾਲ ਨਾਲ 4 ਲੱਖ ਦੇ ਲਗਭਗ ਪੂਰੀ ਰਕਮ ਨੂੰ ਵੀ ਬਰਾਮਦ ਕਰ ਲਿਆ ਗਿਆ ਏ । ਉਨ੍ਹਾਂ ਦੱਸਿਆ ਕਿ ਲੁਟੇਰੇ ਪਿੰਡ ਭਾਬਰੀ ਦੇ ਰਹਿਣ ਵਾਲੇ ਨੇ ਅਤੇ ਕਰਨਵੀਰ ਸਿੰਘ ਇਸ ਲੁੱਟ ਦੀ ਵਾਰਦਾਤ ਦਾ ਮਾਸਟਰ ਮਾਇੰਡ ਏ  । ਪੁਲਿਸ ਨੇ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ  ਦੋ ਦਿਨ ਦਾ ਰਿਮਾਂਡ ਹਾਸਲ ਕੀਤਾ ਏ ।

-----------------------------------------------------------------------------

ਪੰਜਾਬ ਭਰ ਵਿਚ ਪਿਛਲੇ ਕਈ ਦਿਨਾਂ ਤੋਂ ਰੁਕ-ਰੁਕ ਕੇ ਪੈ ਰਿਹਾ ਮੀਂਹ ਅੱਜ ਵੀ ਜਾਰੀ ਏ । ਜਲੰਧਰ, ਮੋਹਾਲੀ ਤੇ ਪਠਾਨਕੋਟ ਸਮੇਤ ਹੋਰਨਾਂ

ਕਈ ਥਾਵਾਂ 'ਤੇ ਹਲਕੀ ਵਰਖਾ ਹੋਈ ਏ ਜਦਕਿ ਜਿਆਦਾਤਰ ਥਾਵਾਂ ਤੇ ਸੰਘਣੀ ਬੱਦਲਵਾਈ ਬਣੀ ਹੋਈ ਏ।

---------------------------------------------------------------------

ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਖਮਾਣੋ ਅਧੀਨ ਪੈਂਦੇ ਪਿੰਡ ਕੋਟਲਾ ਅਜਨੇਰ ਵਿਖੇ ਪਿਛਲੇ ਦਿਨਾਂ ਤੋਂ ਪੈ ਰਹੇ ਭਾਰੀ ਮੀਂਹ ਪੈਣ ਕਾਰਨ ਪਿੰਡ 'ਚੋਂ ਲੰਘਦੇ ਸੂਏ ਦੇ ਓਵਰਫਲੋ ਹੋ ਕੇ ਟੁੱਟਣ ਕਾਰਨ ਪਿੰਡ ਦੇ ਕਈ ਖੇਤਾਂ 'ਚ ਪਾਣੀ ਭਰ ਗਿਆ, ਜਿਸ ਨਾਲ ਕਿਸਾਨਾਂ ਦੀ ਫਸਲ ਖਰਾਬ ਹੋਣ ਦਾ ਖਦਸ਼ਾ ਏ। ਪਿੰਡ ਕੋਟਲਾ ਅਜਨੇਰ ਵਾਸੀਆਂ ਨੇ ਦੱਸਿਆ ਕਿ ਇਸ ਸਬੰਧੀ ਨਹਿਰੀ ਵਿਭਾਗ ਨੂੰ ਸੂਚਿਤ ਕੀਤਾ ਤਾਂ ਮੌਕੇ ਤੇ ਨਹਿਰੀ ਵਿਭਾਗ ਦੇ ਕਰਮਚਾਰੀ ਜੇ.ਸੀ.ਬੀ ਮਸ਼ੀਨ ਸਮੇਤ ਪਹੁੰਚੇ ਅਤੇ ਮਿੱਟੀ ਦੇ ਥੈਲੇ ਭਰ ਕੇ ਸੂਏ ਦੇ ਕਿਨਾਰਿਆਂ ਤੇ ਲਗਾ ਕੇ ਫਿਲਹਾਲ ਆਰਜ਼ੀ ਤੌਰ ਤੇ ਬੰਨ ਲਾਇਆ ਗਿਆ ਏ। ਲੋਕਾਂ ਨੇ ਪ੍ਰਸ਼ਾਸਨ ਤੋਂ ਇਸਦਾ ਪੱਕਾ ਹੱਲ ਕੀਤਾ ਜਾਣ ਦੀ ਮੰਗ ਕੀਤੀ ਏ ਤਾਂ ਜੋ ਨੇੜਲੇ ਕਿਸਾਨਾਂ ਦਾ ਕੋਈ ਵੱਡਾ ਨੁਕਸਾਨ ਨਾ ਹੋ ਸਕੇ।

--------------------------------------------------------------------

ਓਧਰ ਪਹਾੜੀ ਸੂਬੇ ਹਿਮਾਚਲ ਪ੍ਰਦੇਸ਼ ਵਿੱਚ ਲਗਾਤਾਰ ਹੋ ਰਹੀ

ਮਾਨਸੂਨ ਦੀ ਬਾਰਿਸ਼ ਨੇ ਆਮ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਏ। ਹੁਣ ਤੱਕ, ਬਾਰਿਸ਼ ਨਾਲ ਸਬੰਧਤ ਘਟਨਾਵਾਂ ਵਿੱਚ 39 ਲੋਕਾਂ ਦੀ ਮੌਤ ਹੋ ਗਈ ਏ , ਜਦੋਂ ਕਿ 4 ਵਿਅਕਤੀ ਅਜੇ ਵੀ ਲਾਪਤਾ ਦੱਸੇ ਜਾ ਰਹੇ ਨੇ। ਮੌਸਮ ਵਿਭਾਗ ਨੇ 5 ਜੁਲਾਈ ਤੱਕ ਸੂਬੇ ਵਿੱਚ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ । ਜ਼ਮੀਨ ਖਿਸਕਣ ਕਾਰਨ, ਸੂਬੇ ਭਰ ਵਿੱਚ 129 ਸੜਕਾਂ ਆਵਾਜਾਈ ਲਈ ਬੰਦ ਨੇ। ਪ੍ਰਸ਼ਾਸਨ ਨੇ ਲੋਕਾਂ ਨੂੰ ਨਦੀਆਂ ਅਤੇ ਨਾਲਿਆਂ ਦੇ ਨੇੜੇ ਜਾਣ ਤੋਂ ਬਚਣ, ਗੈਰ – ਜ਼ਰੂਰੀ ਯਾਤਰਾ ਤੋਂ ਗੁਰੇਜ਼ ਕਰਨ ਅਤੇ ਸਥਾਨਕ ਅਧਿਕਾਰੀਆਂ ਵਲੋਂ ਜਾਰੀ ਨਿਰਦੇਸ਼ਾਂ ਦੀ ਸਖਤੀ ਨਾਲ ਪਾਲਣਾ ਕਰਨ ਦੀ ਅਪੀਲ ਕੀਤੀ ਏ। ਸ਼ਿਮਲਾ ਦੇ ਮੌਸਮ ਵਿਗਿਆਨ ਕੇਂਦਰ ਨੇ ਅੱਜ ਜ਼ਿਆਦਾਤਰ ਹਿੱਸਿਆਂ ਵਿੱਚ ਭਾਰੀ ਤੋਂ ਬੇਹਦ ਭਾਰੀ ਬਾਰਿਸ਼ ਲਈ ORANGE ਅਲਰਟ ਜਾਰੀ ਕੀਤਾ ਏ।